# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 15-03-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਐਲਪੀਜੀ ਡਿਸਟ੍ਰਿਬਿਊਟਰਾਂ ਕੋਲ ਗੈਸ ਸਪਲਾਈ ਦੀ ਕੋਈ ਕਮੀ ਨਹੀਂ।
- ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਨਿਵੇਸ਼ਕਾਂ ਤੋਂ ਮਿਲੇ ਭਰਵੇਂ ਹੁਗਾਰੇਂ ਨਾਲ ਸਮਾਪਤ ਹੋਇਆ -ਕੈਬਿਨੇਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ - ਸਰਕਾਰ ਨੇ MSMEs ਨੂੰ ਉਤਸ਼ਾਹਿਤ ਕਰਨ ਲਈ ਕਲੱਸਟਰ ਅਧਾਰਤ ਰਣਨੀਤੀ ਅਪਣਾਈ ਏ।
- ਪੰਜਾਬ 'ਚ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ

ਮੋਡੀਊਲ ਦਾ ਪਰਦਾਫਾਸ਼ ਕਰਦਿਆਂ 6 ਮੁਲਜ਼ਮਾਂ ਨੂੰ ਹੈਰੋਇਨ ਤੇ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ ।

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਹਨੇਰੀ ਝਖੜ ਅਤੇ ਗੜੇਮਾਰੀ ਲਈ, ORANGE ALERT ਜਾਰੀ ਕੀਤਾ ।

---

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਐਲਪੀਜੀ ਡਿਸਟ੍ਰਿਬਿਊਟਰਾਂ ਕੋਲ ਗੈਸ ਸਪਲਾਈ ਦੀ ਕੋਈ ਕਮੀ ਨਹੀਂ ਏ । ਇੱਕ ਬਿਆਨ ਵਿੱਚ, ਮੰਤਰਾਲੇ ਨੇ ਜ਼ਿਕਰ ਕੀਤਾ ਕਿ ਐਲਪੀਜੀ ਬੁਕਿੰਗ ਵਿੱਚ ਗਿਰਾਵਟ ਆਈ ਹੈ। ਕੱਲ੍ਹ ਲਗਭਗ 77 ਲਖ ਬੁਕਿੰਗ ਦਰਜ ਕੀਤੀ ਗਈ ਸੀ, ਜੋ ਕਿ ਇਸ ਮਹੀਨੇ ਦੀ 13 ਤਰੀਕ ਨੂੰ ਲਗਭਗ 88 ਲਖ ਸੀ। ਮੰਤਰਾਲੇ ਨੇ ਇਹ ਵੀ ਕਿਹਾ ਕਿ ਵਪਾਰਕ ਐਲਪੀਜੀ ਸਿਲੰਡਰ ਵੀ ਤਰਜੀਹੀ ਵੰਡ ਲਈ ਰਾਜ ਸਰਕਾਰਾਂ ਨੂੰ ਸੌਂਪ ਦਿੱਤੇ ਗਏ ਹਨ ਅਤੇ ਹੁਣ ਖਪਤਕਾਰਾਂ ਲਈ ਉਪਲਬਧ ਹਨ। ਮੰਤਰਾਲੇ ਨੇ ਕਿਹਾ ਕਿ ਤੇਲ ਮਾਰਕੀਟਿੰਗ ਕੰਪਨੀਆਂ ਨੇ ਪ੍ਰਚੂਨ ਆਊਟਲੇਟ 'ਤੇ ਕਿਸੇ ਵੀ ਈਧਨ ਦੀ ਕਮੀ ਦੀ ਰਿਪੋਰਟ ਨਹੀਂ ਕੀਤੀ ਹੈ, ਅਤੇ ਪੈਟਰੋਲ ਅਤੇ ਡੀਜ਼ਲ ਦੀ ਸਪਲਾਈ ਨਿਯਮਤ ਰਹਿੰਦੀ ਏ । ਮੰਤਰਾਲੇ ਨੇ ਨਾਗਰਿਕਾਂ ਨੂੰ ਘਬਰਾਹਟ ਵਿਚ ਖਰੀਦਦਾਰੀ ਨਾ ਕਰਨ ਦੀ ਸਲਾਹ

ਦਿੱਤੀ ਏ। ਮੰਤਰਾਲੇ ਨੇ ਕਿਹਾ ਕਿ ਦੇਸ਼ ਭਰ ਵਿੱਚ ਪੈਟਰੋਲ ਅਤੇ ਡੀਜ਼ਲ ਦਾ ਢੁਕਵਾਂ ਭੰਡਾਰ ਉਪਲਬਧ ਏ। ਮੰਤਰਾਲੇ ਨੇ ਪਾਈਪ ਵਾਲੀ ਕੁਦਰਤੀ ਗੈਸ (PNG) ਅਤੇ ਤਰਲ ਪੈਟਰੋਲੀਅਮ ਗੈਸ (LPG) ਦੋਵੇਂ ਕੁਨੈਕਸ਼ਨਾਂ ਵਾਲੇ ਘਰਾਂ ਨੂੰ ਤੁਰੰਤ ਪ੍ਰਭਾਵ ਨਾਲ ਆਪਣੇ LPG ਕੁਨੈਕਸ਼ਨ ਨੂੰ ਤੁਰਤ ਪ੍ਰਭਾਵ ਨਾਲ ਸਰੈਂਡਰ ਕਰਨ ਦੇ ਨਿਰਦੇਸ਼ ਦਿੱਤੇ ਨੇ। ਕੱਲ੍ਹ ਜਾਰੀ ਇੱਕ ਨੋਟੀਫਿਕੇਸ਼ਨ ਵਿੱਚ, ਮੰਤਰਾਲੇ ਨੇ ਕਿਹਾ ਕਿ PNG ਕੁਨੈਕਸ਼ਨ ਰੱਖਣ ਵਾਲੇ ਕਿਸੇ ਵੀ ਵਿਅਕਤੀ ਨੂੰ ਘਰੇਲੂ LPG ਕੁਨੈਕਸ਼ਨ ਰੱਖਣ ਜਾਂ ਸਰਕਾਰੀ ਤੇਲ ਕੰਪਨੀਆਂ ਜਾਂ ਉਨ੍ਹਾਂ ਦੇ ਅਧਿਕਾਰਤ ਡਿਸਟ੍ਰਿਬਿਊਟਰ ਤੋਂ LPG ਸਿਲੰਡਰ ਰੀਫਿਲ ਪ੍ਰਾਪਤ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਅਜਿਹੇ ਇਹ ਨੋਟੀਫਿਕੇਸ਼ਨ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਸੰਕਟ ਕਾਰਨ ਵਿਸ਼ਵਵਿਆਪੀ ਈਧਨ ਸਪਲਾਈ ਵਿੱਚ ਵਿਘਨ ਦੇ ਵਿਚਕਾਰ ਆਇਆ ਏ। ਇਸ ਦੌਰਾਨ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਨਾਗਰਿਕਾਂ ਨੂੰ ਐਲਪੀਜੀ ਸਿਲੰਡਰ ਬੁੱਕ ਕਰਨ ਵਿੱਚ ਜਲਦਬਾਜ਼ੀ ਨਾ ਕਰਨ ਅਤੇ ਲੋੜ ਪੈਣ 'ਤੇ ਹੀ ਬੁੱਕ ਕਰਨ ਦੀ ਅਪੀਲ ਕੀਤੀ।

BYTE:RNU150326

---------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਗੈਸ ਸਿਲੰਡਰਾਂ ਦੀ ਕਾਲਾਬਜ਼ਾਰੀ ਰੋਕਣ ਲਈ ਉੱਚ ਅਧਿਕਾਰੀਆਂ ਦੀ ਕਮੇਟੀ ਗਠਿਤ ਕੀਤੀ ਏ ਅਤੇ ਵੱਡੇ ਪੱਧਰ 'ਤੇ ਟੀਮਾਂ ਵਲੋਂ ਗੈਸ ਏਜੰਸੀਆਂ ਦੀ ਚੈਕਿੰਗ ਕੀਤੀ ਜਾ ਰਹੀ ਏ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਟਸਐਪ ਹੈਲਪਲਾਈਨ ਨੰਬਰ 96462-22555 ਜਾਰੀ ਕੀਤਾ ਗਿਆ ਏ , ਤਾਂ ਜੋ ਗੈਸ ਸਿਲੰਡਰਾਂ ਦੀ ਸੁਚਾਰੂ ਸਪਲਾਈ ਯਕੀਨੀ ਬਣਾਉਣ ਦੇ ਨਾਲ-ਨਾਲ ਕਾਲਾਬਾਜ਼ਾਰੀ 'ਤੇ ਨਿਗਰਾਨੀ ਰੱਖੀ ਜਾ ਸਕੇ। ਇਸ ਹੈਲਪਲਾਈਨ ਨੰਬਰ ’ਤੇ ਆਮ ਲੋਕ ਜੇਕਰ ਕਿਤੇ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਮੈਸੇਜ ਰਾਹੀਂ ਸੂਚਨਾ ਸਾਂਝੀ ਕਰ ਸਕਦੇ ਹਨ। ਕਾਲਾਬਾਜ਼ਾਰੀ ਅਤੇ ਗੈਰ-ਕਾਨੂੰਨੀ ਜਮ੍ਹਾਖੋਰੀ ਖਿਲਾਫ਼ ਸਖ਼ਤ ਕਾਰਵਾਈ ਦੀ ਚਿਤਾਵਨੀ ਦਿੰਦਿਆਂ ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਕੋਈ ਅਜਿਹਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਜ਼ਰੂਰੀ ਵਸਤਾਂ ਐਕਟ-1955 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

---------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ-CBSE ਨੇ ਪੱਛਮੀ ਏਸ਼ੀਆਈ ਖੇਤਰ ਵਿੱਚ ਕੱਲ੍ਹ ਤੋਂ ਅਗਲੇ ਮਹੀਨੇ ਦੀ 10 ਤਰੀਕ ਤੱਕ ਹੋਣ ਵਾਲੀਆਂ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਰੱਦ ਕਰ ਦਿੱਤੀਆਂ ਨੇ ।

ਬੋਰਡ ਨੇ ਕਿਹਾ ਕਿ ਇਸ ਮਹੀਨੇ ਦੀ ਪਹਿਲੀ ਤੋਂ 9 ਤਰੀਕ ਤੱਕ ਹੋਣ ਵਾਲੀਆਂ ਪ੍ਰੀਖਿਆਵਾਂ, ਜੋ ਪਹਿਲਾਂ ਮੁਲਤਵੀ ਕੀਤੀਆਂ ਗਈਆਂ ਸਨ, ਨੂੰ ਵੀ ਰੱਦ ਕਰ ਦਿੱਤਾ ਜਾਵੇਗਾ। ਬੋਰਡ ਨੇ  ਕਿਹਾ ਕਿ ਪੱਛਮੀ ਏਸ਼ੀਆਈ ਖੇਤਰ ਵਿੱਚ 12ਵੀਂ ਜਮਾਤ ਦੇ ਉਮੀਦਵਾਰਾਂ ਲਈ ਨਤੀਜੇ ਐਲਾਨ ਕਰਨ ਦਾ ਤਰੀਕਾ ਸਮੇਂ ਸਿਰ ਵੱਖਰੇ ਤੌਰ 'ਤੇ ਐਲਾਨਿਆ ਜਾਵੇਗਾ।

---------------------------------------------------------

ਅੱਜ ਆਈ.ਟੀ. ਅਤੇ ਆਈ.ਟੀ.ਈ.ਐਸ. ਸੈਸ਼ਨ ਵਿੱਚ ਭਾਗੀਦਾਰਾਂ ਦੀ ਵੱਡੀ ਸ਼ਮੂਲੀਅਤ ਦੇ ਨਾਲ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਨੂੰ ਨਿਵੇਸ਼ਕਾਂ ਵੱਲੋਂ ਭਾਰੀ ਹੁੰਗਾਰਾ ਮਿਲਿਆ । ਮੋਹਾਲੀ ਦੀ ਪਲਾਕਸ਼ਾ ਯੂਨੀਵਰਸਿਟੀ 'ਚ ਹੋ ਰਹੇ ਇਸ ਸਮਾਗਮ ਨੇ ਤਕਨੀਕੀ ਨਿਵੇਸ਼ ਅਤੇ ਡਿਜੀਟਲ ਇਨੋਵੇਸ਼ਨ ਲਈ ਇੱਕ ਪ੍ਰਮੁੱਖ ਸਥਾਨ ਵਜੋਂ ਸੂਬੇ ਦੀ ਦਿਨੋ-ਦਿਨ ਮਜ਼ਬੂਤ ਹੋ ਰਹੀ ਸਥਿਤੀ ਨੂੰ ਉਜਾਗਰ ਕੀਤਾ । ਸੈਸ਼ਨ ਨੂੰ ਸੰਬੋਧਨ ਕਰਦਿਆਂ ਪੰਜਾਬ ਵਿਕਾਸ ਕਮਿਸ਼ਨ ਦੀ ਵਾਈਸ ਚੇਅਰਪਰਸਨ ਸੀਮਾ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਮੋਹਾਲੀ ਨੂੰ ਆਈਟੀ ਖੇਤਰ ਵਿੱਚ ਟਾਇਰ- 1 ਸਿਟੀ ਵਜੋਂ ਵਿਕਸਤ ਕਰਨ ਦੀ ਦ੍ਰਿੜ ਸੋਚ ਲੈ ਕੇ ਚੱਲ ਰਹੀ ਏ । ਵਿਆਪਕ ਸਹਾਇਤਾ ਢਾਂਚੇ ਨੂੰ ਉਜਾਗਰ ਕਰਦਿਆਂ ਸੂਚਨਾ ਤਕਨਾਲੋਜੀ ਦੇ ਵਧੀਕ ਮੁੱਖ ਸਕੱਤਰ, ਧੀਰੇਂਦਰ ਕੁਮਾਰ ਤਿਵਾੜੀ ਨੇ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026

ਤਹਿਤ ਆਈਟੀ ਉਦਯੋਗ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਆਕਰਸ਼ਕ ਪ੍ਰੋਤਸਾਹਨਾਂ ਬਾਰੇ ਵਿਸਥਾਰ ਵਿੱਚ ਦੱਸਿਆ। ਉਨ੍ਹਾਂ ਕਿਹਾ ਕਿ ਨਿਵੇਸ਼ਕ ਸਥਿਰ ਪੂੰਜੀ ਨਿਵੇਸ਼ ਦੇ 20 ਫਸੀਦ ਤੱਕ ਪੂੰਜੀ ਸਬਸਿਡੀ ਦਾ ਵੀ ਲਾਭ ਵੀ ਲੈ ਸਕਦੇ ਹਨ, ਜਿਸਦੀ ਹੱਦ 10 ਕਰੋੜ ਰੁਪਏ ਏ। ਇਸਦੇ ਨਾਲ ਹੀ 10 ਤੋਂ 15 ਸਾਲਾਂ ਲਈ ਬਿਜਲੀ ਡਿਊਟੀ 'ਤੇ 100 ਫੀਸਦ ਛੋਟ ਦਾ ਲਾਭ ਵੀ ਲਿਆ ਜਾ ਸਕਦਾ ਏ। ਮਾਹਿਰਾਂ ਨੇ ਮੌਜੂਦਾ ਸਮੇਂ ਵਿੱਚ ਬਾਜ਼ਾਰ 'ਚ ਉਪਲਬਧ ਵੱਖ-ਵੱਖ ਜੀਸੀਸੀ ਮਾਡਲਾਂ 'ਤੇ ਆਪਣੀ ਮਾਹਰ ਰਾਇ ਸਾਂਝੀ ਕੀਤੀ ਅਤੇ ਖੇਤਰ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਦਾਇਰੇ ਅਤੇ ਭਵਿੱਖੀ ਸੰਭਾਵਨਾਵਾਂ ਦੀ ਪੜਚੋਲ ਕੀਤੀ।

----------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਛੋਟੇ, ਲਘੂ ਅਤੇ ਦਰਮਿਆਨੇ ਉਦਯੋਗ -MSMEs ਦੇਸ਼ ਦੇ ਜੀਡੀਪੀ ਵਿਕਾਸ ਵਿੱਚ 25 ਤੋਂ 30 ਫ਼ੀਸਦ ਹਿੱਸਾ ਪਾ ਰਹੇ ਨੇ। ਉਨ੍ਹਾਂ ਨੇ ਆਪਣੇ ਦਫ਼ਤਰਾਂ ਵਿੱਚ ਕੰਮਕਾਜ ਲਈ ਰੋਜ਼ਾਨਾ ਪੱਧਰ ‘ਤੇ ਵੱਧ ਤੋਂ ਵੱਧ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਕਿਹਾ। ਉਨ੍ਹਾਂ MSMEs ਅਰਥਵਿਵਸਥਾ ਦਾ ਪ੍ਰਮੁੱਖ ਹਿੱਸਾ ਹਨ ਅਤੇ ਦੇਸ਼ ਦੀ ਕੁਦਰਤੀ ਨਿਰਮਾਣ ਮਸ਼ੀਨ ਵੀ ਹਨ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ MSMEs

ਦੇ ਆਧੁਨਿਕੀਕਰਨ ਅਤੇ ਵਿਸਥਾਰ 'ਤੇ ਧਿਆਨ ਕੇਂਦਰਿਤ ਕਰ ਰਹੀ ਏ । ਉਨ੍ਹਾਂ ਉਦਯੋਗਪਤੀਆਂ ਨੂੰ ਉਤਪਾਦਾਂ ਦੀ ਮੰਗ ਵਧਾਉਣ ਲਈ ਮਾਰਕੀਟਿੰਗ ਦੀ ਬਜਾਏ ਕੀਮਤ ਅਤੇ ਗੁਣਵੱਤਾ 'ਤੇ ਧਿਆਨ ਕੇਂਦਰਿਤ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬੇਸ਼ੁਮਾਰ ਹੁਨਰਮੰਦ ਅਮਲਾ ਉਪਲਬਧ ਏ । ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲਗਭਗ 1 ਲੱਖ 60 ਹਜ਼ਾਰ MSMEs ਯੂਨਿਟਾਂ ਦੇ ਮਜ਼ਬੂਤ ਅਧਾਰ ਨਾਲ ਇੱਕ ਸਮਰਪਿਤ ਏਜੰਸੀ ਸਥਾਪਤ ਕਰਨ ਦੀ ਯੋਜਨਾ ਬਣਾ ਰਹੀ ਹੈ ਜਿਸ ਨਾਲ ਇਹ MSMEs ਮਾਹੌਲ ਨੂੰ ਗਤੀਸ਼ੀਲ ਅਤੇ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਖੇਤਰ ਵਿੱਚ ਬਦਲਣ ਵਿੱਚ ਸਹਾਈ ਹੋਣਗੇ। ਮੰਤਰੀ ਨੇ ਕਿਹਾ ਕਿ MSMEs ਪੰਜਾਬ ਵਿੱਚ ਮੁਕਾਬਲੇਬਾਜ਼ੀ ਨੂੰ ਵਧਾਉਣ, ਵਿੱਤ, ਤਕਨਾਲੋਜੀ, ਬਾਜ਼ਾਰਾਂ, ਹੁਨਰਾਂ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਅਤੇ ਕਲੱਸਟਰ-ਅਧਾਰਤ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਇਕੋ ਇਕ ਸੰਸਥਾਗਤ ਮੰਚ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਕਲੱਸਟਰ ਸਰਕਾਰੀ ਵਿਭਾਗਾਂ, ਉਦਯੋਗਿਕ ਸੰਗਠਨਾਂ ਅਤੇ ਕਲੱਸਟਰ ਮੈਂਬਰਾਂ ਦੁਆਰਾ ਬਣਾਏ ਗਏ ਵਿਸ਼ੇਸ਼ ਉਦੇਸ਼ ਵਾਹਨਾਂ ਵਿਚਕਾਰ ਸਰਗਰਮ ਸਹਿਯੋਗ ਰਾਹੀਂ MSMEs ਦੇ ਬੁਨਿਆਦੀ ਢਾਂਚੇ, ਤਕਨਾਲੋਜੀ ਨੂੰ ਅਪਣਾਉਣ ਅਤੇ ਮਾਰਕੀਟ ਤਿਆਰੀ ਨੂੰ ਹੋਰ ਮਜ਼ਬੂਤ ਕਰਨ ਲਈ ਤਿਆਰ ਕੀਤੇ ਜਾਣਗੇ। ਇਸ ਸੈਸ਼ਨ ਦੌਰਾਨ ਪਲਾਕਸ਼ਾ

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਰੁਧਰਾ ਪ੍ਰਤਾਪ, ਸਮੇਤ ਹੋਰ ਮਾਹਰਾਂ ਤੇ ਉਦਯੋਗਪਤੀਆਂ ਨੇ ਹਿੱਸਾ ਲਿਆ।

---------------------------------------------------------------

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੌਰਾਨ ਅੱਜ ਦੇਸ਼-ਵਿਦੇਸ਼ ਤੋਂ ਆਏ ਨਿਵੇਸ਼ਕ ਸੂਬਾ ਸਰਕਾਰ ਦੀ ਨਿਵੇਸ਼ ਪੱਖੀ ਨੀਤੀਆਂ ਤੋਂ ਬੇਹੱਦ ਪ੍ਰਭਾਵਿਤ ਹੋਏ ਅਤੇ ਨਾਲ ਹੀ ਸੂਬਾ ਸਰਕਾਰ ਦੀ ਮਹਿਮਾਨਨਿਵਾਜ਼ੀ ਦੇ ਨਾਲ ਪੰਜਾਬੀ ਗੀਤ-ਸੰਗੀਤ ਨੇ ਵੀ ਨਿਵੇਸ਼ਕਾਂ ਦਾ ਮਨ ਮੋਹਿਆ। ਇਸ ਦੌਰਾਨ ਉਦਯੋਗ ਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਸਮੂਹ ਦੇਸ਼ ਵਿਦੇਸ਼ ਤੋਂ ਆਏ ਮਹਿਮਾਨਾਂ ਦਾ ਸੱਭਿਆਚਾਰਕ ਪ੍ਰੋਗਰਾਮ ਮੌਕੇ ਸੁਆਗਤ ਕੀਤਾ । ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਨੁਮਾਇੰਦਿਆਂ ਨੂੰ ਪੰਜਾਬੀ ਸੱਭਿਆਚਾਰ ਦੇ ਵੀ ਰੁ-ਬ-ਰੂ ਕਰਵਾਇਆ ਜਾ ਰਿਹਾ ਏ । ਇਸ ਮੌਕੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਵੀ ਹਾਜ਼ਰ ਰਹੇ । ਮੋਹਾਲੀ ਚ ਸੰਮੇਲਨ ਦੌਰਾਨ ਮੋਹਾਲੀ ਗੋਲਫ਼ ਰੇਂਜ ਵਿਖੇ ਸੱਭਿਆਚਾਰਕ ਸ਼ਾਮ ਕਰਵਾਈ ਗਈ ਜਿਸ ਵਿੱਚ ਉੱਘੇ ਪੰਜਾਬੀ ਗਾਇਕ ਰਣਜੀਤ ਬਾਵਾ ਅਤੇ ਹਰਜੀਤ ਹਰਮਨ ਦੀ ਗਾਇਕੀ ਨੇ ਆਏ ਨੁਮਾਇੰਦਿਆਂ ਨੂੰ ਨੱਚਣ ਲਈ ਮਜਬੂਰ ਕੀਤਾ। ਇਸ ਮੌਕੇ ਜੁਗਨੀ ਸੱਭਿਆਚਾਰਕ ਗਰੁੱਪ ਵੱਲੋਂ ਪੇਸ਼ ਕੀਤੇ ਗਏ ਲੋਕ ਨਾਚ ਲੁੱਡੀ

ਅਤੇ ਭੰਗੜੇ ਨੇ ਵੀ ਦਰਸ਼ਕਾਂ ਦਾ ਮਨੋਰੰਜਨ ਕੀਤਾ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ । BYTE:RNU150326

---------------------------------------------------------------

ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਿਤੇਂਦਰ ਸਿੰਘ ਸ਼ੰਟੀ ਨੇ ਅੱਜ ਫਾਜ਼ਿਲਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਹਲ ਸਬੰਧੀ ਖੁੱਲ੍ਹੀ ਸੁਣਵਾਈ ਕੈਂਪ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਉਨਾ ਜ਼ੋਰ ਦੇ ਕਿਹਾ ਕਿ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਦੇ ਹਰ ਜ਼ਿਲ੍ਹੇ ਤੱਕ ਪਹੁੰਚ ਬਣਾ ਰਿਹਾ ਏ । ਉਨ੍ਹਾਂ ਕਮਿਸ਼ਨ ਵੱਲੋਂ ਲੋਕਾਂ ਦੀਆਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 98554-75547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ

ਜਾਵੇ ਜਿਸ 'ਤੇ ਯਕੀਨਨ ਕਾਰਵਾਈ ਹੋਵੇਗੀ।

-----------------------------------------------------

ਦਿੱਲੀ ਦੇ ਨਵ ਨਿਯੁਕਤ ਉੱਪ ਰਾਜਪਾਲ ਤਰਨਜੀਤ ਸਿੰਘ, ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ । ਮੀਡੀਆ ਨਾਲ ਗੱਲਬਾਤ ਕਰਦਿਆਂ ਊਨਾ ਕਿਹਾ ਕਿ ਉਹ ਗੁਰੂ ਘਰ ਤੋਂ ਆਸ਼ੀਰਵਾਦ ਲੈ ਕੇ ਹੀ ਹਰ ਵੱਡੀ ਜਿੰਮੇਵਾਰੀ ਦੀ ਸ਼ੁਰੂਆਤ ਕਰਦੇ ਨੇ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਰਨਜੀਤ ਸਿੰਘ ਨੂੰ ਸਿਰੋਪਾ ਭੇਟ ਕੀਤਾ ਗਿਆ।

-----------------------------------------------------

ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਸਰਹੱਦ ਪਾਰੋਂ ਚੱਲ ਰਹੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇਕ ਵੱਡੇ ਮੋਡੀਊਲ ਦਾ ਪਰਦਾਫਾਸ਼ ਕਰਦਿਆਂ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਪੁਲਿਸ ਨੇ ਮੁਲਜ਼ਮਾਂ ਕੋਲੋਂ 6 ਆਧੁਨਿਕ ਪਿਸਤੌਲ , 60 ਜ਼ਿੰਦਾ ਕਾਰਤੂਸ ਅਤੇ ਸਾਢੇ 3 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਮੁੱਢਲੀ ਜਾਂਚ ਦੌਰਾਨ ਇਹ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਸਬੰਧ ਨੇ । ਇਹ ਤਸਕਰ ਭਾਰਤ–ਪਾਕਿਸਤਾਨ ਸਰਹੱਦ ਦੇ ਨੇੜੇ ਡਰੋਨ ਰਾਹੀਂ

ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਦੇ ਸਨ।
BYTE:RNU150326

ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਬਹੁਤਰੇ ਨੌਜਵਾਨ 19 ਤੋਂ 24 ਸਾਲ ਦੀ ਉਮਰ ਦੇ ਅਤੇ ਆਰਥਿਕ ਤੌਰ ‘ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਨੇ । ਇਸ ਮਾਮਲੇ ਸਬੰਧੀ ਅੰਮ੍ਰਿਤਸਰ ਵਿੱਚ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੇ ਅਗਲੇ ਅਤੇ ਪਿਛਲੇ ਸਬੰਧਾਂ ਦੀ ਜਾਂਚ ਕਰ ਰਹੀ ਏ ।
---------------------------------------------------------

ਕੇਂਦਰੀ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ BSF ਦੀ ਇੱਕ ਸਾਂਝੀ ਟੀਮ ਨੇ ਬੀਤੀ ਦੇਰ ਰਾਤ, ਭਾਰਤ-ਪਾਕਿਸਤਾਨ ਸਰਹੱਦ ਦੇ ਸਥਿਤ ਜ਼ਿਲਾ ਤਰਨਤਾਰਨ ਦੇ ਰਾਜੋਕੇ ਪਿੰਡ ਵਿੱਚ ਇੱਕ ਘਰ 'ਤੇ ਛਾਪਾ ਮਾਰਿਆ। ਟੀਮ ਨੇ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਕੇ ਉਸ ਤੋਂ ਪੁੱਛਗਿੱਛ ਸ਼ੁਰੂ ਕੀਤੀ। ਦੱਸਿਆ ਜਾ ਰਿਹਾ ਏ ਕਿ ਇਹ ਕਾਰਵਾਈ ਹਾਲ ਹੀ ਵਿੱਚ 18 ਕਿਲੋ ਹੈਰੋਇਨ ਜ਼ਬਤ ਕਰਨ ਨਾਲ ਸਬੰਧਤ ਏ । ਰਿਪੋਰਟਾਂ ਅਨੁਸਾਰ, ਇਹ ਕਾਰਵਾਈ ਮੌਜੂਦਾ ਸਰਪੰਚ ਪਰਮਜੀਤ ਸਿੰਘ ਨਾਲ ਸਬੰਧਤ ਮਾਮਲੇ ਦੇ ਸਬੰਧ ਵਿੱਚ ਕੀਤੀ ਗਈ ਹੈ, ਜਿਸਨੂੰ ਕੁਝ

ਦਿਨ ਪਹਿਲਾਂ ਕਲਸੀਆ ਕਲਾਂ ਤੋਂ 18 ਕਿਲੋ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਗਿਆ ਸੀ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰਾਖੰਡ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਹਨੇਰੀ ਝਖੜ ਅਤੇ ਗੜੇਮਾਰੀ ਲਈ ORANGE ALERT ਜਾਰੀ ਕੀਤਾ ਏ । ਸਵੇਰ ਤੋਂ ਪੰਜਾਬ ਦੇ ਜਲੰਧਰ ਪਠਾਨਕੋਟ, ਮੋਹਾਲੀ, ਮਾਨਸਾ ਸਮੇਤ ਵੱਖ ਵੱਖ ਜ਼ਿਲਿਆਂ ਚ ਬੱਦਲਵਾਈ ਬਣੀ ਹੋਈ ਏ ਤੇ ਹਲਕੀ ਵਰਖਾ ਵੀ ਹੋ ਰਹੀ ਏ।

---------------------------------------------------------

- ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਐਲਪੀਜੀ ਡਿਸਟ੍ਰਿਬਿਊਟਰਾਂ ਕੋਲ ਗੈਸ ਸਪਲਾਈ ਦੀ ਕੋਈ ਕਮੀ ਨਹੀਂ।
- ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਨਿਵੇਸ਼ਕਾਂ ਤੋਂ ਮਿਲੇ ਭਰਵੇਂ ਹੁਗਾਰੇਂ ਨਾਲ ਸਮਾਪਤ ਹੋਇਆ -ਕੈਬਿਨੇਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ - ਸਰਕਾਰ ਨੇ MSMEs ਨੂੰ

ਉਤਸ਼ਾਹਿਤ ਕਰਨ ਲਈ ਕਲੱਸਟਰ ਅਧਾਰਤ ਰਣਨੀਤੀ ਅਪਣਾਈ ਏ।

- ਪੰਜਾਬ 'ਚ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚੱਲ ਰਹੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਮੋਡੀਊਲ ਦਾ ਪਰਦਾਫਾਸ਼ ਕਰਦਿਆਂ 6 ਮੁਲਜ਼ਮਾਂ ਨੂੰ ਹੈਰੋਇਨ ਤੇ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ ।
- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਹਨੇਰੀ ਝਖੜ ਅਤੇ ਗੜੇਮਾਰੀ ਲਈ, ORANGE ALERT ਜਾਰੀ ਕੀਤਾ ।

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ , ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**